ਕਾਨੜਾ ਮਹਲਾ ੫ ॥ ਠਾਕੁਰ ਜੀਉ ਤੁਹਾਰੋ ਪਰਨਾ ॥ ਮਾਨੁ ਮਹਤੁ ਤੁਮ੍ਹ੍ਹਾਰੈ ਊਪਰਿ ਤੁਮ੍ਹ੍ਹਰੀ ਓਟ ਤੁਮ੍ਹ੍ਹਾਰੀ ਸਰਨਾ ॥੧॥ ਰਹਾਉ ॥ ਤੁਮ੍ਹ੍ਹਰੀ ਆਸ ਭਰੋਸਾ ਤੁਮ੍ਹ੍ਹਰਾ ਤੁਮਰਾ ਨਾਮੁ ਰਿਦੈ ਲੈ ਧਰਨਾ ॥ ਤੁਮਰੋ ਬਲੁ ਤੁਮ ਸੰਗਿ ਸੁਹੇਲੇ ਜੋ ਜੋ ਕਹਹੁ ਸੋਈ ਸੋਈ ਕਰਨਾ ॥੧॥ ਤੁਮਰੀ ਦਇਆ ਮਇਆ ਸੁਖੁ ਪਾਵਉ ਹੋਹੁ ਕ੍ਰਿਪਾਲ ਤ ਭਉਜਲੁ ਤਰਨਾ ॥ ਅਭੈ ਦਾਨੁ ਨਾਮੁ ਹਰਿ ਪਾਇਓ ਸਿਰੁ ਡਾਰਿਓ ਨਾਨਕ ਸੰਤ ਚਰਨਾ ॥੨॥੯॥ {ਪੰਨਾ 1299}

ਪਦ ਅਰਥ:- ਠਾਕੁਰ ਜੀਉ—ਹੇ ਪ੍ਰਭੂ ਜੀ! ਪਰਨਾ—ਆਸਰਾ। ਮਹਤੁ—ਮਹੱਤਵ, ਵਡਿਆਈ।1। ਰਹਾਉ।

ਰਿਦੈ—ਹਿਰਦੇ ਵਿਚ। ਸੰਗਿ—ਨਾਲ। ਸੁਹੇਲੇ—ਸੁਖੀ। ਕਹਹੁ—ਤੁਸੀ ਆਖਦੇ ਹੋ।1।

ਮਇਆ—ਕਿਰਪਾ। ਪਾਵਉ—ਪਾਵਉਂ, ਮੈਂ ਹਾਸਲ ਕਰਦਾ ਹਾਂ, ਮਾਣਦਾ ਹਾਂ। ਕ੍ਰਿਪਾਲ—ਦਇਆਵਾਨ। ਤ—ਤਾਂ। ਭਉਜਲੁ—ਸੰਸਾਰ-ਸਮੁੰਦਰ। ਅਭੈ ਦਾਨੁ—ਨਿਰਭੈਤਾ ਦੇਣ ਵਾਲਾ। ਡਾਰਿਓ—ਰੱਖ ਦਿੱਤਾ ਹੈ।2।

ਅਰਥ:- ਹੇ ਪ੍ਰਭੂ ਜੀ! (ਮੈਨੂੰ) ਤੇਰਾ ਹੀ ਆਸਰਾ ਹੈ। ਮੈਨੂੰ ਤੇਰੇ ਉਤੇ ਹੀ ਮਾਣ ਹੈ; ਫ਼ਖ਼ਰ ਹੈ, ਮੈਨੂੰ ਤੇਰੀ ਹੀ ਓਟ ਹੈ, ਮੈਂ ਤੇਰੀ ਹੀ ਸਰਨ ਆ ਪਿਆ ਹਾਂ।1। ਰਹਾਉ।

ਹੇ ਪ੍ਰਭੂ ਜੀ! ਮੈਨੂੰ ਤੇਰੀ ਹੀ ਆਸ ਹੈ, ਤੇਰੇ ਉਤੇ ਹੀ ਭਰੋਸਾ ਹੈ, ਮੈਂ ਤੇਰਾ ਹੀ ਨਾਮ (ਆਪਣੇ) ਹਿਰਦੇ ਵਿਚ ਟਿਕਾਇਆ ਹੋਇਆ ਹੈ। ਮੈਨੂੰ ਤੇਰਾ ਹੀ ਤਾਣ ਹੈ, ਤੇਰੇ ਚਰਨਾਂ ਵਿਚ ਮੈਂ ਸੁਖੀ ਰਹਿੰਦਾ ਹਾਂ। ਜੋ ਕੁਝ ਤੂੰ ਆਖਦਾ ਹੈਂ, ਮੈਂ ਉਹੀ ਕੁਝ ਕਰ ਸਕਦਾ ਹਾਂ।

ਹੇ ਪ੍ਰਭੂ! ਤੇਰੀ ਮਿਹਰ ਨਾਲ, ਤੇਰੀ ਕਿਰਪਾ ਨਾਲ ਹੀ ਮੈਂ ਸੁਖ ਮਾਣਦਾ ਹਾਂ। ਜੇ ਤੂੰ ਦਇਆਵਾਨ ਹੋਵੇਂ, ਤਾਂ ਮੈਂ ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕਦਾ ਹਾਂ। ਹੇ ਨਾਨਕ! (ਆਖ—ਹੇ ਭਾਈ!) ਨਿਰਭੈਤਾ ਦਾ ਦਾਨ ਦੇਣ ਵਾਲਾ, ਹਰਿ-ਨਾਮ ਮੈਂ (ਗੁਰੂ ਪਾਸੋਂ) ਹਾਸਲ ਕੀਤਾ ਹੈ (ਇਸ ਵਾਸਤੇ) ਮੈਂ ਆਪਣਾ ਸਿਰ ਗੁਰੂ ਦੇ ਚਰਨਾਂ ਉਤੇ ਰੱਖਿਆ ਹੋਇਆ ਹੈ।2।9।